# ਦਫਤਰ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਮੈਜਿਸਟਰੇਟ, ਫਰੀਦਕੋਟ।

(ਜੁਡੀਸ਼ੀਅਲ ਸ਼ਾਖਾ)

ਹੁਕਮ ਨੰਬਰ 321 /ਫਸ

ਇਸ ਦਫਤਰ ਵੱਲੋਂ ਹੁਕਮ ਨੰਬਰ 212/ਫਸ ਮਿਤੀ 23.03.2020, ਜੋ ਕਿ ਪਿ.ਅੰ.ਨੰਬਰ 1587/ਫਸ ਮਿਤੀ 23.03.2020 ਰਾਹੀਂ ਕੋਰੋਨਾ ਵਾਇਰਸ ਦੇ ਬਚਾਅ ਲਈ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ।

ਇਸ ਦਫਤਰ ਦੇ ਹੁਕਮ ਨੰ:316/ਫਸ ਜੋ ਪਿ:ਅੰ:ਨੰ:1926/ਫਸ-ਫਕ-2 ਮਿਤੀ 08-04-2020 ਰਾਂਹੀ ਜਾਰੀ ਹੋਏ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ ਵੱਲੋ ਮੀਮੋ ਨੰ: AS-1(204)-2020/584 dated 01.04.2020 ਰਾਂਹੀ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਜਿਲ੍ਹਾ ਫਰੀਦਕੋਟ ਅੰਦਰ ਲੱਕੜ ਦੇ ਕਰੇਟ ਤਿਆਰ ਕਰਨ ਵਾਲੀਆਂ ਇਕਾਈਆਂ ਨੂੰ ਹਰ ਰੋਜ਼ ਸਵੇਰੇ 10.00 ਵਜੇ ਤੋਂ ਬਾਅਦ ਦੁਪਹਿਰ 1.00 ਵਜੇ ਤੱਕ ਚਲਾਉਣ ਅਤੇ ਸਪਲਾਈ ਕਰਨ ਵਾਸਤੇ ਕਰਫਿਊ ਤੋਂ ਛੋਟ ਦਿੱਤੀ ਗਈ ਸੀ।

ਹੁਣ ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਹਾੜ੍ਹੀ ਸੀਜ਼ਨ ਕਾਰਨ ਇੰਨ੍ਹਾਂ ਕਰੇਟਾਂ ਦੀ ਮੰਗ ਜਿਆਦਾ ਹੋਣ ਕਾਰਨ ਇੰਨ੍ਹੇ ਘੱਟ ਸਮੇਂ ਵਿੱਚ ਜਿਆਦਾ ਮਾਤਰਾ ਵਿੱਚ ਕਰੇਟ ਤਿਆਰ ਕਰਨੇ ਸੰਭਵ ਨਾ ਹੈ। ਇਸ ਲਈ ਕਰੇਟ ਤਿਆਰ ਕਰਨ ਵਾਲੀਆਂ ਇਕਾਈਆਂ ਦੀ ਬੇਨਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਇਹਨਾਂ ਇਕਾਈਆਂ ਨੂੰ ਹਰ ਰੋਜ਼ ਸਵੇਰੇ 08.00 ਵਜੇ ਤੇ ਸ਼ਾਮ 06.00 ਵਜੇ ਤੱਕ ਪਹਿਲੀਆਂ ਸ਼ਰਤਾਂ ਦੇ ਅਧਾਰ ਤੇ ਚਲਾਉਣ ਦੀ ਕਰਫਿਊ ਹੁਕਮਾਂ ਵਿੱਚ ਛੋਟ ਦਿੱਤੀ ਜਾਂਦੀ ਹੈ।

ਇਹ ਹੁਕਮ ਮਿਤੀ 10-04-2020 ਤੋ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

ਇਹ ਹੁਕਮ ਅੱਜ ਮਿਤੀ 09-04-2020 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਅਤੇ ਦਫਤਰ ਦੀ ਮੋਹਰ ਹੇਠ ਜਾਰੀ ਕੀਤਾ ਗਿਆ।

(ਕੁਮਾਰ ਸੋਰਭ ਰਾਜ),ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ, ਫਰੀਦਕੋਟ।

ਜਿਲ੍ਹਾ ਮੈਜਿਸਟਰੇਟ, ਫਰੀਦਕੋਟ

ਪਿ:ਅੰ:ਨੰ: 1957 /ਫਸ-ਫਕ-2 ਮਿਤੀ 09-04-2020

ਉਪਰੋਕਤ ਦਾ ਉਤਾਰਾ ਉਕਤ ਹੁਕਮਾਂ ਦੀ ਲਗਾਤਾਰਤਾ ਵਿੱਚ ਹੇਠ ਲਿਖੇ ਅਧਿਕਾਰੀਆਂ ਨੂੰ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਪ੍ਰਿੰਸੀਪਲ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਪੰਜਾਬ ਸਰਕਾਰ, ਖੁਰਾਕ, ਸਿਵਲ ਸਪਲਾਈਜ਼ ਖਪਤਕਾਰ ਮਾਮਲੇ ਵਿਭਾਗ, ਚੰਡੀਗੜ੍ਹ।
3) ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ
4) ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ
5) ਵਧੀਕ ਡਿਪਟੀ ਕਮਿਸ਼ਨਰ (ਜ) ਅਤੇ (ਵਿਕਾਸ), ਫਰੀਦਕੋਟ
6) ਉਪ ਮੰਡਲ ਮੈਜਿਸਟਰੇਟ, ਫਰੀਦਕੋਟ/ਕੋਟਕਪੂਰਾ ਅਤੇ ਜੈਤੋ
7) ਸਿਵਲ ਸਰਜਨ, ਫਰੀਦਕੋਟ
8) ਡੀ.ਐਫ.ਐਸ.ਸੀ., ਫਰੀਦਕੋਟ
9) ਜਨਰਲ ਮੈਨੇਜਰ, ਡੀ.ਆਈ.ਸੀ.
10) ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਰੀਦਕੋਟ
11) ਤਹਿਸੀਲਦਾਰ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ।

Scanned with CamScanner